ਹਸਤ ਸ਼ਿਲਪ ਕਾਲਜ ਬਟਾਲਾ ਵਿਖੇ ਸੰਵਿਧਾਨ ਦਿਵਸ ਸੰਬੰਧੀ ਸੈਮੀਨਾਰ

ਬਟਾਲਾ, 27 ਨਵੰਬਰ (ਸਤਿੰਦਰ ਸਿੰਘ)- ਹਸਤ ਸ਼ਿਲਪ ਕਾਲਜ ਕਾਹਨੂੰਵਾਨ ਰੋਡ ਬਟਾਲਾ ਵਿਖੇ ਸੰਵਿਧਾਨ ਦਿਵਸ ਨਾਲ ਸਬੰਧਤ ਸੈਮੀਨਾਰ ਐੱਨ.ਐੱਸ.ਐੱਸ. ਦੇ ਪ੍ਰੋਗਰਾਮ ਅਫ਼ਸਰ ਮੈਡਮ ਰਾਜਵਿੰਦਰ ਕੌਰ ਦੀ ਅਗਵਾਈ ਅਧੀਨ ਕਰਵਾਇਆ ਗਿਆ। ਇਸ ਮੌਕੇ ਸੰਸਥਾ ਦੇ ਉਪ ਪ੍ਰਿੰਸੀਪਲ ਅਨੀਤਾ ਕਟੋਚ ਵਲੋਂ ਮੁੱਖ ਮਹਿਮਾਨ ਦੇ ਤੌਰ 'ਤੇ ਸ਼ਿਰਕਤ ਕੀਤੀ ਗਈ। ਪ੍ਰੋਗਰਾਮ ਅਫ਼ਸਰ ਰਾਜਵਿੰਦਰ ਕੌਰ ਨੇ ਸੰਵਿਧਾਨ ਦੇ ਨਿਰਮਾਣ ਤੋਂ ਲੈ ਕੇ ਇਸ ਦੇ ਲਾਗੂ ਹੋਣ ਤੱਕ ਦੇ ਵੱਖ-ਵੱਖ ਪੜਾਵਾਂ ਤੇ ਇਸ ਦੇ ਨਿਰਮਾਣ ਵਾਸਤੇ ਪਾਏ ਵੱਖ-ਵੱਖ ਸ਼ਖ਼ਸੀਅਤਾਂ ਦੇ ਯੋਗਦਾਨ ਬਾਰੇ ਵਿਦਿਆਰਥੀਆਂ ਨੂੰ ਜਾਣਕਾਰੀ ਦਿੱਤੀ ਗਈ, ਨਾਲ ਹੀ ਇਸ ਮੌਕੇ ਮੈਡਮ ਅਨੀਤਾ ਕਟੋਚ ਵਲੋਂ ਵੀ ਇਸ ਪਵਿੱਤਰ ਦਿਹਾੜੇ ਦੀਆਂ ਸਭ ਨੂੰ ਮੁਬਾਰਕਾਂ ਦਿੱਤੀਆਂ ਗਈਆਂ। ਸੰਸਥਾ ਦੇ ਮੈਨੇਜਿੰਗ ਡਾਇਰੈਕਟਰ ਸ੍ਰੀ ਅਰੁਣ ਕੁਮਾਰ ਜੇ.ਈ., ਡਾਇਰੈਕਟਰ ਪ੍ਰੋ. ਦਿਲਬਾਗ ਸਿੰਘ ਤੇ ਪ੍ਰਿੰਸੀਪਲ ਸਰਬਜੀਤ ਕੌਰ ਵਲੋਂ ਜਿੱਥੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਗਈ, ਨਾਲ ਹੀ ਸਭ ਵਿਦਿਆਰਥੀਆਂ ਨੂੰ ਇਸ ਦਿਵਸ ਦੀਆਂ ਵਧਾਈਆਂ ਦਿੱਤੀਆਂ ਗਈਆਂ। ਇਸ ਮੌਕੇ ਕਾਲਜ ਦੇ ਸਟਾਫ਼ ਵਿਚ ਲੈਕਚਰਾਰ ਮਨਜੀਤ ਸਿੰਘ, ਅਮਰਜੋਤੀ, ਬਲਜੀਤ ਕੌਰ, ਝਿਰਮਲ ਸਿੰਘ, ਸ਼ਰਨਜੀਤ ਕੌਰ ਤੋਂ ਇਲਾਵਾ ਸਮੂਹ ਸਟਾਫ਼ ਮੈਂਬਰ ਤੇ ਵੱਡੀ ਗਿਣਤੀ 'ਚ ਵਿਦਿਆਰਥੀ ਵਰਗ ਹਾਜ਼ਰ ਸਨ।

ਹਸਤ ਸ਼ਿਲਪ ਕਾਲਜ ਬਟਾਲਾ ਵਿਖੇ ਸੰਵਿਧਾਨ ਦਿਵਸ ਮੌਕੇ ਸਹੁੰ ਚੁੱਕਦੇ ਵਿਦਿਆਰਥੀ। ਤਸਵੀਰ : ਜਤਿੰਦਰ ਕੱਦ

ਕਣਕ ਦਾ ਬੀਜ ਪ੍ਰਾਪਤ ਕਰਨ ਲਈ ਲੰਮੀ ਕਤਾਰ 'ਚ ਖੜ੍ਹੇ ਕਿਸਾਨ, ਨਾਲ ਟਰੱਕ 'ਚੋਂ ਬੀਜ ਉਤਾਰਨ ਸਮੇਂ ਬੀਜ ਲੈਣ ਵਾਲਿਆਂ ਦੀ ਲੱਗੀ ਵੱਡੀ ਭੀੜ। ਤਸਵੀਰਾਂ: ਚੱਕਰਾਜਾ

ਅੱਡਾ ਗਾਹਲੜੀ ਵਿਖੇ ਸਰਕਾਰੀ ਕਣਕ ਦਾ ਬੀਜ ਪ੍ਰਾਪਤ ਕਰਨ ਲਈ ਲੋਕਾਂ ਨੂੰ ਹੋਣਾ ਪੈ ਰਿਹਾ ਖੱਜਲ ਖ਼ੁਆਰ

ਕਿਸਾਨ ਜਥੇਬੰਦੀ ਵਲੋਂ ਬੀਜ ਦੀ ਸਹੀ ਵੰਡ ਨਾ ਕਰਨ ਦੇ ਦੋਸ਼

ਗੁਰਦਾਸਪੁਰ, 27 ਨਵੰਬਰ (ਚੱਕਰਾਜਾ)- ਖੇਤੀਬਾੜੀ ਵਿਭਾਗ ਬਲਾਕ ਦੀਨਾਨਗਰ ਵਲੋਂ ਅੱਡਾ ਗਾਹਲੜੀ ਵਿਖੇ ਪੰਜਾਬ ਸਰਕਾਰ ਵਲੋਂ ਹੜ੍ਹ ਪ੍ਰਭਾਵਿਤ ਇਲਾਕੇ ਅੰਦਰ ਕਿਸਾਨਾਂ ਲਈ ਭੇਜੇ ਕਣਕ ਦੇ ਬੀਜ ਨੂੰ ਲੈਣ ਲਈ ਪਿਛਲੇ ਕਈ ਦਿਨਾਂ ਤੋਂ ਸਰਹੱਦੀ ਖੇਤਰ ਦੇ ਕਿਸਾਨਾਂ ਨੂੰ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਅਤੇ ਉਨ੍ਹਾਂ ਦੀ ਖੱਜਲ ਖ਼ੁਆਰੀ ਹੋ ਰਹੀ ਹੈ। ਇਕ ਪਾਸੇ ਤਾਂ ਹੁਣ ਜਦ ਕਣਕ ਦੀ ਬਿਜਾਈ ਦਾ ਕੰਮ ਖ਼ਤਮ ਹੋ ਚੁੱਕਾ ਹੈ, ਕਈ ਕਿਸਾਨਾਂ ਵਲੋਂ ਕਣਕ ਦੀ ਫ਼ਸਲ ਨੂੰ ਪਹਿਲਾਂ ਪਾਣੀ ਵੀ ਲਗਾਇਆ ਜਾ ਚੁੱਕਾ ਹੈ ਤੇ ਵਿਭਾਗ ਵਲੋਂ ਹੁਣ ਕਣਕ ਦਾ ਬੀਜ ਵੰਡਣਾ ਹਾਸੋਹੀਣਾ ਲੱਗ ਰਿਹਾ ਹੈ ਪਰ ਫਿਰ ਵੀ ਜਿਨ੍ਹਾਂ ਕਿਸਾਨਾਂ ਨੇ ਲੇਟ ਬਿਜਾਈ ਕਰਨੀ ਹੈ, ਉਨ੍ਹਾਂ ਨੂੰ ਬੀਜ ਪ੍ਰਾਪਤ ਕਰਨ ਲਈ ਭਾਰੀ ਖੱਜਲ ਖ਼ੁਆਰੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਦੱਖਿਆ ਗਿਆ ਹੈ ਕਿ ਅੱਡਾ ਗਾਹਲੜੀ ਦੀ ਮੁੱਖ ਸੜਕ ਦੇ ਉੱਪਰ ਖੇਤੀਬਾੜੀ ਵਿਭਾਗ ਦੇ ਦਫ਼ਤਰ ਬਾਹਰ ਸੈਂਕੜੇ ਲੋਕਾਂ ਦੀਆਂ ਕਤਾਰਾਂ ਲੱਗੀਆਂ ਹੁੰਦੀਆਂ ਹਨ ਜਿਨ੍ਹਾਂ ਵਿਚ ਵੱਡੀ ਗਿਣਤੀ 'ਚ ਔਰਤਾਂ ਵੀ ਲਾਈਨਾਂ 'ਚ ਖੜੀਆਂ ਦੇਖੀਆਂ ਜਾ ਸਕਦੀਆਂ ਹਨ। ਕਣਕ ਦੇ ਬੀਜ ਦੀ ਵੰਡ ਨੂੰ ਲੈ ਕੇ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਜ਼ਿਲ੍ਹਾ ਜਨਰਲ ਸਕੱਤਰ ਦਲਬੀਰ ਸਿੰਘ ਜੀਵਨਚੱਕ ਨੇ ਕਿਹਾ ਕਿ ਇਲਾਕੇ ਦੇ ਕਿਸਾਨਾਂ ਦੀ ਹੋ ਰਹੀ ਖੱਜਲ ਖ਼ੁਆਰੀ ਲਈ ਦਫ਼ਤਰ ਨਾਲ ਸਬੰਧਿਤ ਅਧਿਕਾਰੀ ਜ਼ਿੰਮੇਵਾਰ ਹਨ। ਉਨ੍ਹਾਂ ਦੋਸ਼ ਲਗਾਉਂਦੇ ਹੋਏ ਕਿਹਾ ਕਿ ਪਹੁੰਚ ਵਾਲੇ ਲੋਕ ਤਾਂ ਬੀਜ ਪ੍ਰਾਪਤ ਕਰ ਚੁੱਕੇ ਹਨ ਪਰ ਗ਼ਰੀਬ ਛੋਟੇ ਕਿਸਾਨਾਂ ਨੂੰ ਖੱਜਲ ਖ਼ੁਆਰ ਕੀਤਾ ਜਾ ਰਿਹਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਜਿਸ ਦਫ਼ਤਰ 'ਚ ਬੀਜ ਦੀਆਂ ਪਰਚੀਆਂ ਵੰਡੀਆਂ ਜਾਂਦੀਆਂ ਹਨ, ਉਹ ਦਫ਼ਤਰ ਇਕ ਦੁਕਾਨ ਦੇ ਉਪਰ ਬਣਿਆ ਕਮਰਾ ਹੈ ਜਿਸ ਨੂੰ ਲੱਗੀ ਲੋਹੇ ਦੀ ਪੌੜੀ ਤੇ ਦੁਕਾਨ ਦੀ ਗੈਲਰੀ 'ਚ ਲਾਈਨਾਂ ਵਿਚ ਖੜ੍ਹੇ ਰਹਿੰਦੇ ਵੱਡੀ ਗਿਣਤੀ ਵਿਚ ਲੋਕਾਂ ਨਾਲ ਪੌੜੀ ਟੁੱਟਣ ਜਾਂ ਗੈਲਰੀ ਡਿੱਗਣ ਨਾਲ ਕੋਈ ਹਾਦਸਾ ਵਾਪਰਦਾ ਹੈ ਤਾਂ ਉਸ ਦੇ ਜ਼ਿੰਮੇਵਾਰ ਵਿਭਾਗ ਦੇ ਅਧਿਕਾਰੀ ਹੋਣਗੇ। ਇਥੋਂ ਤੱਕ ਕਿ ਸੜਕ ਕਿਨਾਰੇ ਬੀਜ ਲੈਣ ਵਾਲਿਆਂ ਦੀ ਲੱਗੀ ਭੀੜ ਕਾਰਨ ਆਵਾਜਾਈ ਵੀ ਪ੍ਰਭਾਵਿਤ ਹੋ ਰਹੀ ਹੈ ਤੇ ਇਸ ਜਗ੍ਹਾ 'ਤੇ ਅਕਸਰ ਹੀ ਜਾਮ ਲੱਗਾ ਰਹਿੰਦਾ ਹੈ ਜਿਸ ਕਾਰਨ ਕਦੇ ਵੀ ਕੋਈ ਹਾਦਸਾ ਵਾਪਰ ਸਕਦਾ ਹੈ। ਉਨ੍ਹਾਂ ਡਿਪਟੀ ਕਮਿਸ਼ਨਰ ਗੁਰਦਾਸਪੁਰ ਤੇ ਵਿਭਾਗ ਦੇ ਉੱਚ ਅਧਿਕਾਰੀਆਂ ਤੋਂ ਮੰਗ ਕਰਦਿਆਂ ਕਿਹਾ ਕਿ ਅੱਡਾ ਗਾਹਲੜੀ ਵਿਖੇ ਵੰਡੇ ਗਏ ਬੀਜ ਦੀ ਜਾਂਚ ਕੀਤੀ ਜਾਵੇ ਕਿਉਂਕਿ ਬਹੁਤ ਸਾਰੇ ਅਜਿਹੇ ਲੋਕਾਂ ਨੂੰ ਵੀ ਬੀਜ ਵੰਡਿਆ ਗਿਆ ਹੈ ਜਿਨ੍ਹਾਂ ਵਲੋਂ ਬਿਜਾਈ ਨੂੰ ਛੱਡ ਕੇ ਸਿਰਫ਼ ਕਣਕ ਇਕੱਠੀ ਕਰਨ ਦਾ ਕੰਮ ਕੀਤਾ ਜਾ ਰਿਹਾ ਹੈ।

ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਸ਼ਹੀਦੀ ਦਿਹਾੜਾ ਮਨਾਇਆ

ਗੁਰੂ ਤੇਗ ਬਹਾਦਰ ਇੰਟਰਨੈਸ਼ਨਲ ਸਕੂਲ ਕਲਿਆਣਪੁਰ ਵਿਖੇ ਸ਼ਹੀਦੀ ਦਿਹਾੜਾ ਸਮਾਗਮ ਦੌਰਾਨ ਵਿਦਿਆਰਥੀ ਕੀਰਤਨ ਕਰਦੇ ਹੋਏ। ਅਜੀਤ ਤਸਵੀਰ

ਧਾਰੀਵਾਲ, 27 ਨਵੰਬਰ (ਸਵਰਨ ਸਿੰਘ)- ਗੁਰੂ ਤੇਗ ਬਹਾਦਰ ਇੰਟਰਨੈਸ਼ਨਲ ਸਕੂਲ, ਕਲਿਆਣਪੁਰ (ਧਾਰੀਵਾਲ) ਵਿਖੇ ਨੌਵੀਂ ਪਾਤਸ਼ਾਹੀ ਸ਼੍ਰੀ ਗੁਰੂ ਤੇਗ ਬਹਾਦਰ ਜੀ ਦਾ ਸ਼ਹੀਦੀ ਦਿਹਾੜਾ ਬਹੁਤ ਹੀ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ। ਸਕੂਲ ਦੇ ਚੇਅਰਮੈਨ ਸ: ਸੁਰਜੀਤ ਸਿੰਘ, ਡਾਇਰੈਕਟਰ ਸ: ਪ੍ਰਿਤਪਾਲ ਸਿੰਘ ਅਤੇ ਪ੍ਰਿੰਸੀਪਲ ਸੈਮੂਅਲ ਦਾਸ ਨੇ ਦੱਸਿਆ ਕਿ ਸਮਾਗਮ ਦੀ ਸ਼ੁਰੂਆਤ ਸ਼੍ਰੀ ਸੁਖਮਨੀ ਸਾਹਿਬ ਦੇ ਪਾਠ ਨਾਲ ਕੀਤੀ ਗਈ। ਭਾਈ ਬਲਵਿੰਦਰ ਸਿੰਘ ਹਜ਼ੂਰੀ ਰਾਗੀ ਸ਼੍ਰੀ ਬਾਬਾ ਬਕਾਲਾ ਸਾਹਿਬ ਦੁਆਰਾ ਆਸਾ ਦੀ ਵਾਰ ਦਾ ਕੀਰਤਨ ਕੀਤਾ ਗਿਆ। ਉਪਰੰਤ ਵਿਦਿਆਰਥੀਆਂ ਵਲੋਂ ਸ੍ਰੀ ਜਪੁਜੀ ਸਾਹਿਬ, ਸ੍ਰੀ ਚੌਪਈ ਸਾਹਿਬ ਤੇ ਸਲੋਕ ਮਹੱਲਾ ਨੌਵਾਂ ਦੇ ਪਾਠ ਕੀਤੇ ਗਏ ਤੇ ਵੱਖ-ਵੱਖ ਬੱਚਿਆਂ ਦੇ ਜਥਿਆਂ ਨੇ ਗੁਰਬਾਣੀ ਦਾ ਰਸਭਿੰਨਾ ਕੀਰਤਨ ਕੀਤਾ। ਅੰਤ ਵਿਚ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਕੋਆਰਡੀਨੇਟਰ ਮਨਪ੍ਰੀਤ ਕੌਰ ਨੇ ਵਿਦਿਆਰਥੀਆਂ ਨੂੰ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿਚ ਧਾਰਨ ਕਰਨ ਤੇ ਨੇਕੀ ਦੇ ਰਾਹ 'ਤੇ ਚੱਲਣ ਲਈ ਪ੍ਰੇਰਿਤ ਕੀਤਾ। ਪ੍ਰੋਗਰਾਮ ਦੀ ਸਫ਼ਲਤਾ ਪੂਰਵਕ ਤਿਆਰੀ ਅਧਿਆਪਕਾ ਕੁਲਵਿੰਦਰ ਕੌਰ ਦੀ ਅਗਵਾਈ ਹੇਠ ਕੀਤੀ ਗਈ।

ਧਾਰਮਿਕ ਸਮਾਗਮ ਭਲਕੇ

ਹਰਚੋਵਾਲ, 27 ਨਵੰਬਰ (ਢਿੱਲੋਂ, ਭਾਮ)- ਪਿੰਡ ਭਾਮੜੀ ਦੇ ਗੁਰਦੁਆਰਾ ਕਿਰਪਾ ਸਾਗਰ ਵਿਖੇ ਸਾਲਾਨਾ ਸੰਤ ਸਮਾਗਮ 29 ਨਵੰਬਰ ਨੂੰ ਸਵੇਰੇ 10 ਵਜੇ ਤੋਂ ਲੈ ਕੇ ਸ਼ਾਮ ਦੇ 4 ਵਜੇ ਤੱਕ ਕਰਵਾਇਆ ਜਾ ਰਿਹਾ ਹੈ। ਇਸ ਸੰਬੰਧੀ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਭਾਈ ਜਪਸਿਮਰਨਜੀਤ ਸਿੰਘ ਨੇ ਦੱਸਿਆ ਕਿ ਇਸ ਸਮਾਗਮ ਵਿਚ ਸੰਤ ਬਾਬਾ ਗੁਰਦੀਪ ਸਿੰਘ ਖੁਜਾਲੇ ਵਾਲੇ, ਭਾਈ ਗੁਰਨਾਮ ਸਿੰਘ, ਭਾਈ ਪਲਵਿੰਦਰ ਸਿੰਘ, ਭਾਈ ਸੁਖਵਿੰਦਰ ਸਿੰਘ ਕਵਿਸ਼ਰੀ ਜਥਾ, ਭਾਈ ਪ੍ਰਭਜਿੰਦਰ ਸਿੰਘ ਰਿਆੜ ਹਜ਼ੂਰੀ ਰਾਗੀ ਗੁਰਦੁਆਰਾ ਬਾਬਾ ਬਕਾਲਾ ਸਾਹਿਬ ਸੰਗਤਾਂ ਨੂੰ ਗੁਰਬਾਣੀ ਤੇ ਗੁਰੂ ਇਤਿਹਾਸ ਨਾਲ ਜੋੜਨਗੇ।

ਮਾਤਾ ਗੁਜਰੀ ਪਬਲਿਕ ਸਕੂਲ ਅਮੀਪੁਰ ਵਿਚ ਸਾਲਾਨਾ ਖੇਡ ਮੀਟ ਦੀ ਸ਼ੁਰੂਆਤ ਕਰਵਾਉਂਦੇ ਹੋਏ ਡਾਇਰੈਕਟਰ ਕੁਲਜੀਤ ਸਿੰਘ ਤੇ ਖੇਡ ਦੇ ਪਹਿਲੇ ਦਿਨ ਖੇਡਾਂ 'ਚ ਭਾਗ ਲੈਂਦੇ ਹੋਏ ਨੰਨ੍ਹੇ ਮੁੰਨੇ ਬੱਚੇ। ਤਸਵੀਰ: ਘੁੰਮਣ

ਮਾਤਾ ਗੁਜਰੀ ਪਬਲਿਕ ਸਕੂਲ ਅਮੀਪੁਰ 'ਚ ਸਾਲਾਨਾ ਖੇਡ ਅਥਲੈਟਿਕਸ ਮੀਟ ਧੂਮਧਾਮ ਨਾਲ ਸ਼ੁਰੂ

ਜੌੜਾ ਛੱਤਰਾਂ, 27 ਨਵੰਬਰ (ਪਰਮਜੀਤ ਸਿੰਘ ਘੁੰਮਣ)- ਮਾਤਾ ਗੁਜਰੀ ਪਬਲਿਕ ਸਕੂਲ ਅਮੀਪੁਰ ਵਿਚ ਚਾਰ ਰੋਜ਼ਾ ਸਾਲਾਨਾ ਖੇਡ ਅਥਲੈਟਿਕਸ ਮੀਟ ਦਾ ਸ਼ੁੱਭ ਆਗਾਜ਼ ਧੂਮਧਾਮ ਨਾਲ ਕੀਤਾ ਗਿਆ। ਪਹਿਲੇ ਦਿਨ ਨਰਸਰੀ ਤੋਂ ਯੂ.ਕੇ.ਜੀ. ਜਮਾਤ ਤੱਕ ਦੇ ਵਿਦਿਆਰਥੀਆਂ ਨੇ ਵੱਖ-ਵੱਖ ਖੇਡ ਮੁਕਾਬਲਿਆਂ ਵਿਚ ਉਤਸ਼ਾਹ ਨਾਲ ਹਿੱਸਾ ਲਿਆ। ਸਮਾਗਮ ਦੌਰਾਨ ਸਕੂਲ ਦੇ ਡਾਇਰੈਕਟਰ ਕੁਲਜੀਤ ਸਿੰਘ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਖੇਡਾਂ ਨਾਲ ਬੱਚਿਆਂ ਵਿਚ ਅਨੁਸ਼ਾਸਨ, ਟੀਮ ਵਰਕ ਤੇ ਆਤਮ ਵਿਸ਼ਵਾਸ ਦਾ ਵਿਕਾਸ ਹੁੰਦਾ ਹੈ। ਖੇਡਾਂ ਦੀ ਸ਼ੁਰੂਆਤ ਵੱਖ-ਵੱਖ ਐਥਲੈਟਿਕਸ ਮੁਕਾਬਲਿਆਂ ਅਤੇ ਖੇਡਾਂ ਦੀ ਸ਼ੁਰੂਆਤ ਕੀਤੀ ਗਈ। ਨਰਸਰੀ ਜਮਾਤ ਦੀ 100 ਮੀਟਰ ਰੇਸ ਵਿਚ ਅਨਮੋਲ ਅਤੇ ਤਨਵੀਰ ਨੇ ਪਹਿਲਾ ਸਥਾਨ, ਨਿਰਵੈਰ ਤੇ ਅਨਲੀਨ ਨੇ ਦੂਜਾ ਸਥਾਨ, ਜਦਕਿ ਮਨਵੀਰ ਅਤੇ ਸਹਿਜ ਨੇ ਤੀਜਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ 200 ਮੀਟਰ ਰੇਸ, ਫਰਾਗ ਜੰਪ ਤੇ ਹੋਰ ਮੁਕਾਬਲਿਆਂ ਵਿਚ ਵੀ ਨੰਨ੍ਹੇ ਮੁੰਨੇ ਬੱਚਿਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਸਾਲਾਨਾ ਖੇਡ ਸਮਾਗਮ ਅਗਲੇ ਤਿੰਨ ਦਿਨਾਂ ਵਿਚ ਵੱਖ-ਵੱਖ ਮੁਕਾਬਲਿਆਂ ਨਾਲ ਜਾਰੀ ਰਹੇਗਾ। ਇਸ ਮੌਕੇ ਸਕੂਲ ਡਾਇਰੈਕਟਰ ਕੁਲਜੀਤ ਸਿੰਘ, ਪ੍ਰਿੰਸੀਪਲ ਮੈਡਮ ਹਰਜੀਤ ਕੌਰ, ਵਾਈਸ-ਪ੍ਰਿੰਸੀਪਲ ਮੈਡਮ ਰਾਜਬੀਰ ਕੌਰ, ਮੈਡਮ ਜਗਜੀਤ ਕੌਰ, ਡੀ.ਪੀ. ਹਰਪ੍ਰੀਤ ਸਿੰਘ, ਮੈਡਮ ਗੁਰਮੀਤ ਕੌਰ, ਮੈਡਮ ਬਲਜੀਤ ਕੌਰ ਤੇ ਪਲਵਿੰਦਰ ਕੌਰ ਆਦਿ ਹਾਜ਼ਰ ਸਨ।

ਸ੍ਰੀ ਹਰਿਕ੍ਰਿਸ਼ਨ ਪਬਲਿਕ ਸਕੂਲ ਸ੍ਰੀ ਹਰਗੋਬਿੰਦਪੁਰ ਵਿਖੇ ਵਿਦਿਆਰਥੀਆਂ ਨੂੰ ਸਨਮਾਨਿਤ ਕਰਦੇ ਪ੍ਰਿੰ. ਮਧੂ ਸਾਵਲ ਤੇ ਹੋਰ। ਤਸਵੀਰ : ਚੀਮਾ

ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਸ਼ਹੀਦੀ ਦਿਹਾੜਾ ਮਨਾਇਆ

ਸ੍ਰੀ ਹਰਗੋਬਿੰਦਪੁਰ, 27 ਨਵੰਬਰ (ਕੰਵਲਜੀਤ ਸਿੰਘ ਚੀਮਾ)- ਚੀਫ਼ ਖਾਲਸਾ ਦੀਵਾਨ ਚੈਰੀਟੇਬਲ ਸੁਸਾਇਟੀ ਸ੍ਰੀ ਅੰਮ੍ਰਿਤਸਰ ਵਲੋਂ ਸ੍ਰੀ ਹਰਗੋਬਿੰਦਪੁਰ ਸਾਹਿਬ ਵਿਚ ਚਲਾਏ ਜਾ ਰਹੇ ਸ੍ਰੀ ਹਰਿਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਚ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਮਾਗਮ ਕਰਵਾਇਆ ਗਿਆ। ਸਕੂਲ ਦੇ ਵਿਦਿਆਰਥੀਆਂ ਨੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਜੀਵਨ ਨਾਲ ਸਬੰਧਿਤ ਸ਼ਬਦ ਕੀਰਤਨ, ਕਵਿਤਾਵਾਂ, ਭਾਸ਼ਣ ਆਦਿ ਪੇਸ਼ ਕੀਤੇ ਗਏ। ਸਕੂਲ ਦੇ ਅਧਿਆਪਕਾਂ ਵਲੋਂ ਗੁਰੂ ਸਾਹਿਬ ਦਾ ਇਤਿਹਾਸ ਵਿਸਥਾਰਪੂਰਵਕ ਤਰੀਕੇ ਨਾਲ ਵਿਦਿਆਰਥੀਆਂ ਨੂੰ ਸੁਣਾਇਆ ਗਿਆ। ਪ੍ਰਿੰਸੀਪਲ ਮਧੂ ਸਾਵਲ ਵਲੋਂ ਵਿਦਿਆਰਥੀਆਂ ਨੂੰ ਗੁਰੂ ਸਾਹਿਬ ਵਲੋਂ ਦਰਸਾਏ ਗਏ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਵਿਦਿਆਰਥੀਆਂ ਤੋਂ ਇਲਾਵਾ ਸਕੂਲ ਦਾ ਸਮੂਹ ਸਟਾਫ਼ ਹਾਜ਼ਰ ਸਨ।

ਸ੍ਰੀ ਗੁਰੂ ਤੇਗ ਬਹਾਦਰ ਸੀਨੀਅਰ ਸੈਕੰਡਰੀ ਸਕੂਲ 'ਚ ਮਨਾਈ ਸ਼ਹੀਦੀ ਸ਼ਤਾਬਦੀ

ਸਕੂਲ 'ਚ ਮਨਾਈ ਸ਼ਹੀਦੀ ਸ਼ਤਾਬਦੀ ਮੌਕੇ ਕੀਰਤਨ ਕਰਦੇ ਭਾਈ ਸੁਖਦੇਵ ਸਿੰਘ ਦਾ ਜਥਾ। ਤਸਵੀਰ : ਵਨੀਤ ਗੋਇਲ

ਬਟਾਲਾ, 27 ਨਵੰਬਰ (ਹਰਦੇਵ ਸਿੰਘ ਸੰਧੂ)- ਸਥਾਨਕ ਡੇਹਰਾ ਰੋਡ 'ਤੇ ਪਿੰਡ ਹਸਨਪੁਰ ਵਿਖੇ ਇਲਾਕੇ ਦੀ ਸਿਰਮੌਰ ਵਿਦਿਅਕ ਸੰਸਥਾ ਸ੍ਰੀ ਗੁਰੂ ਤੇਗ ਬਹਾਦਰ ਸੀਨੀਅਰ ਸੈਕੰਡਰੀ ਸਕੂਲ ਵਿਖੇ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਤੇ ਭਾਈ ਦਿਆਲਾ ਜੀ ਦੀ 350ਵੀਂ ਸ਼ਹੀਦੀ ਸ਼ਤਾਬਦੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਈ ਗਈ। ਇਸ ਸੰਬੰਧੀ ਸ੍ਰੀ ਸੁਖਮਨੀ ਸਾਹਿਬ ਦਾ ਪਾਠ ਕੀਤਾ ਗਿਆ। ਉਪਰੰਤ ਦੀਵਾਨ ਸਜਾਏ ਗਏ ਜਿਸ ਵਿਚ ਸਕੂਲ ਵਿਦਿਆਰਥੀਆਂ ਤੇ ਭਾਈ ਸੁਖਦੇਵ ਸਿੰਘ ਵਲੋਂ ਇਲਾਹੀ ਬਾਣੀ ਦਾ ਕੀਰਤਨ ਕਰਵਾਇਆ ਗਿਆ। ਸਕੂਲ ਐੱਮ.ਡੀ. ਜਗੀਰ ਸਿੰਘ ਕਾਹਲੋਂ ਨੇ ਸ੍ਰੀ ਗੁਰੂ ਤੇਗ ਬਹਾਦਰ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਤੇ ਭਾਈ ਦਿਆਲਾ ਜੀ ਦੀ ਸ਼ਹੀਦੀ ਸੰਬੰਧੀ ਕਵਿਤਾਵਾਂ ਤੇ ਭਾਸ਼ਣ ਪੇਸ਼ ਕੀਤੇ ਗਏ। ਇਸ ਮੌਕੇ ਜਗੀਰ ਸਿੰਘ ਕਾਹਲੋਂ, ਪ੍ਰਿੰਸੀਪਲ ਲਵਪ੍ਰੀਤ ਸਿੰਘ ਕਾਹਲੋਂ, ਮੈਨੇਜਰ ਅਮਨਦੀਪ ਸਿੰਘ ਕਾਹਲੋਂ, ਗੁਰਮੀਤ ਸਿੰਘ ਸਾ. ਸਰਪੰਚ, ਪ੍ਰਧਾਨ ਕੁਲਤਾਰ ਸਿੰਘ ਸ਼ਾਹ, ਬਲਜਿੰਦਰ ਸਿੰਘ ਸ਼ਾਹ, ਬਲਵਿੰਦਰ ਸਿੰਘ, ਪਲਵਿੰਦਰ ਸਿੰਘ, ਰਕੇਸ਼ ਕੁਮਾਰ, ਡੋਲੀ ਕਾਹਲੋਂ, ਹਰਪ੍ਰੀਤ ਕੌਰ ਕਾਹਲੋਂ, ਆਰਜੂ, ਮਨਮੀਤ ਕੌਰ, ਰਜਿੰਦਰ ਕੌਰ ਆਦਿ ਹਾਜ਼ਰ ਸਨ।

ਸ੍ਰੀ ਗੁਰੂ ਤੇ.ਗ ਬਹਾਦਰ ਜੀ ਦਾ ਸ਼ਹੀਦੀ ਦਿਹਾੜਾ ਮਨਾਇਆ

ਬਟਾਲਾ, 27 ਨਵੰਬਰ (ਸਤਿੰਦਰ ਸਿੰਘ)- ਸ੍ਰੀ ਗੁਰੂ ਤੇ.ਗ ਬਹਾਦਰ ਜੀ, ਭਾਈ ਮਤੀ ਦਾਸ ਜੀ, ਭਾ